# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ



## ਐੱਸ.ਆਈ.ਆਰ. ਤਹਿਤ 19 ਜੁਲਾਈ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ: ਜ਼ਿਲ੍ਹਾ ਚੋਣ ਅਫ਼ਸਰ

### ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ ਕੈਂਪ ਦਾ ਲਾਹਾ ਲੈਣ ਦੀ ਕੀਤੀ ਅਪੀਲ



ਫ਼ਰੀਦਕੋਟ 17 ਜੁਲਾਈ: ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਲਈ ਪਹਿਲਾਂ ਜਾਰੀ ਕੀਤੇ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਦੇ ਸ਼ਡਿਊਲ ਵਿੱਚ ਤਬਦੀਲੀ ਕਰਨ ਉਪਰੰਤ ਸੋਧਿਆ ਹੋਇਆ ਸ਼ਡਿਊਲ ਜਾਰੀ ਕੀਤਾ ਗਿਆ ਹੈ। ਜਿਸ ਵਿੱਚ ਮਿਤੀ 24.07.2026 ਤੱਕ ਚੱਲਣ ਵਾਲਾ ਇਨਿਊਮੀਰੇਸ਼ਨ ਫੇਜ਼ (ਘਰ-ਘਰ ਸਰਵੇ) ਹੁਣ ਮਿਤੀ 03.08.2026 ਤੱਕ ਚੱਲੇਗਾ। ਉਨ੍ਹਾਂ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਤਹਿਤ ਯੋਗ ਵੋਟਰਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਅਤੇ ਗਣਨਾ ਫਾਰਮਾਂ ਦੀ ਭਰਵਾਈ, ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਦੇ ਕੰਮ ਨੂੰ ਤੇਜ਼ ਕਰਨ ਲਈ 19 ਜੁਲਾਈ (ਐਤਵਾਰ) ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ।

ਉਨ੍ਹਾਂ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਲਗਾਇਆ ਜਾਵੇਗਾ। ਇਸ ਦੌਰਾਨ ਬੂਥ ਪੱਧਰੀ ਅਧਿਕਾਰੀ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ, ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣ ਅਤੇ ਡਿਜੀਟਾਈਜ਼ੇਸ਼ਨ ਸਬੰਧੀ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਨਗੇ।

## ਪ੍ਰਸਿੱਧ ਅਮਰੀਕੀ ਅਟਾਰਨੀ ਜਸਪ੍ਰੀਤ ਸਿੰਘ ਗਿੱਲ ਵੱਲੋਂ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ 100 ਹੋਣਹਾਰ ਖਿਡਾਰੀਆਂ ਲਈ ਸਾਲਾਨਾ 50 ਲੱਖ ਰੁਪਏ ਦੀ ਡਾਈਟ ਸਹਾਇਤਾ ਦਾ ਐਲਾਨ



ਪਟਿਆਲਾ, 17 ਜੁਲਾਈ : ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਖਿਡਾਰੀਆਂ ਨੂੰ ਉੱਚ ਪੱਧਰੀ ਖੇਡ ਪ੍ਰਦਰਸ਼ਨ ਲਈ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲਕਦਮੀ ਕਰਦਿਆਂ ਅਮਰੀਕਾ ਦੇ ਪ੍ਰਸਿੱਧ ਅਟਾਰਨੀ-ਐਟ-ਲਾਅ ਸ. ਜਸਪ੍ਰੀਤ ਸਿੰਘ ਗਿੱਲ ਨੇ ਯੂਨੀਵਰਸਿਟੀ ਵਿੱਚ ਦਾਖਲਾ ਲੈਣ ਵਾਲੇ 100 ਹੋਣਹਾਰ ਖਿਡਾਰੀਆਂ ਲਈ ਸਾਲਾਨਾ 50 ਲੱਖ ਰੁਪਏ ਦੀ ਡਾਈਟ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ।

ਸ. ਜਸਪ੍ਰੀਤ ਸਿੰਘ ਗਿੱਲ ਨੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਪਟਿਆਲਾ ਕੈਂਪਸ ਦਾ ਦੌਰਾ ਕੀਤਾ, ਜਿੱਥੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ. ਗਿੱਲ ਨੇ ਯੂਨੀਵਰਸਿਟੀ ਦੇ ਕੈਂਪਸ, ਖੇਡ ਸਹੂਲਤਾਂ, ਅਕਾਦਮਿਕ ਢਾਂਚੇ ਅਤੇ ਖਿਡਾਰੀਆਂ ਲਈ ਸਿਰਜੇ ਜਾ ਰਹੇ ਮਾਹੌਲ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਖੇਡਾਂ ਅਤੇ ਖੇਡ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਯੂਨੀਵਰਸਿਟੀ ਦੀ ਕਾਰਜਸ਼ੈਲੀ ਅਤੇ ਭਵਿੱਖੀ ਯੋਜਨਾਵਾਂ ਤੋਂ ਪ੍ਰਭਾਵਿਤ ਹੋ ਕੇ ਸ. ਜਸਪ੍ਰੀਤ ਸਿੰਘ ਗਿੱਲ ਨੇ ਐਲਾਨ ਕੀਤਾ ਕਿ ਯੂਨੀਵਰਸਿਟੀ ਵਿੱਚ ਦਾਖਲਾ ਲੈ ਕੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਦਰਸ਼ਨ ਕਰਨ ਦੀ ਸਮਰੱਥਾ ਰੱਖਣ ਵਾਲੇ 100 ਚੋਣਵੇਂ ਖਿਡਾਰੀਆਂ ਦੀ ਡਾਈਟ ਲਈ ਉਹ ਹਰ ਸਾਲ ਕੁੱਲ 50 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਗੇ। ਇਸ ਤੋਂ ਇਲਾਵਾ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਲਈ ਵੱਖਰੇ ਤੌਰ 'ਤੇ ਸਨਮਾਨਿਤ ਅਤੇ ਉਤਸ਼ਾਹਿਤ ਵੀ ਕੀਤਾ ਜਾਵੇਗਾ।

ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਇਸ ਮਹੱਤਵਪੂਰਨ ਪਹਿਲਕਦਮੀ ਲਈ ਸ. ਜਸਪ੍ਰੀਤ ਸਿੰਘ ਗਿੱਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਖੇਡ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ ਅਤੇ ਯੂਨੀਵਰਸਿਟੀ ਦਾ ਉਦੇਸ਼ ਹੋਣਹਾਰ ਖਿਡਾਰੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਅਜਿਹਾ ਖੇਡ ਮਾਹੌਲ ਪ੍ਰਦਾਨ ਕਰਨਾ ਹੈ, ਜਿਸ ਰਾਹੀਂ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।

ਡਾ. ਗਿੱਲ ਨੇ ਪੰਜਾਬ ਸਮੇਤ ਦੇਸ਼ ਭਰ ਦੇ ਹੋਣਹਾਰ ਖਿਡਾਰੀਆਂ ਨੂੰ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਨਾਲ ਜੁੜਨ ਅਤੇ ਇੱਥੇ ਦਾਖਲਾ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਉੱਚ ਪੱਧਰੀ ਖੇਡ ਪ੍ਰਤਿਭਾ ਵਾਲੇ ਯੋਗ ਖਿਡਾਰੀਆਂ ਨੂੰ ਯੂਨੀਵਰਸਿਟੀ ਵੱਲੋਂ ਮੁਫ਼ਤ ਹੋਸਟਲ ਸਹੂਲਤ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਜਾਵੇਗੀ, ਜਦਕਿ ਸ. ਜਸਪ੍ਰੀਤ ਸਿੰਘ ਗਿੱਲ ਵੱਲੋਂ ਐਲਾਨੀ ਗਈ ਸਾਲਾਨਾ ਡਾਈਟ ਸਹਾਇਤਾ ਖਿਡਾਰੀਆਂ ਨੂੰ ਆਪਣੀ ਖੇਡ 'ਤੇ ਹੋਰ ਵਧੇਰੇ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰੇਗੀ।

ਉਨ੍ਹਾਂ ਕਿਹਾ ਕਿ ਇੱਕ ਖਿਡਾਰੀ ਦੀ ਸਫਲਤਾ ਵਿੱਚ ਬਿਹਤਰ ਸਿਖਲਾਈ ਦੇ ਨਾਲ ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਦੀ ਅਹਿਮ ਭੂਮਿਕਾ ਹੁੰਦੀ ਹੈ। ਇਸ ਲਈ 100 ਹੋਣਹਾਰ ਖਿਡਾਰੀਆਂ ਲਈ ਸਾਲਾਨਾ 50 ਲੱਖ ਰੁਪਏ ਦੀ ਡਾਈਟ ਸਹਾਇਤਾ ਯੂਨੀਵਰਸਿਟੀ ਦੇ ਖੇਡ ਮਿਸ਼ਨ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ।

ਸ. ਜਸਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾਉਣ ਦੀ ਬੇਅੰਤ ਸਮਰੱਥਾ ਹੈ ਅਤੇ ਯੋਗ ਖਿਡਾਰੀਆਂ ਨੂੰ ਸਹੀ ਮੌਕਾ, ਮਿਆਰੀ ਸਿਖਲਾਈ ਅਤੇ ਲੋੜੀਂਦੇ ਸਰੋਤ ਮਿਲਣੇ ਚਾਹੀਦੇ ਹਨ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਪੰਜਾਬ ਸਪੋਰਟਸ ਯੂਨੀਵਰਸਿਟੀ ਆਉਣ ਵਾਲੇ ਸਮੇਂ ਵਿੱਚ ਦੇਸ਼ ਲਈ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਬਿਹਤਰੀਨ ਖਿਡਾਰੀ ਤਿਆਰ ਕਰਨ ਦਾ ਇੱਕ ਪ੍ਰਮੁੱਖ ਕੇਂਦਰ ਬਣੇਗੀ।

## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਪੀਡੀਆਟਰਿਕ ਵਿਭਾਗ ਵਿੱਚ ਮਿਲ ਰਹੀਆਂ ਸਿਹਤ ਸੇਵਾਵਾਂ ਸ਼ਲਾਘਾਯੋਗ- ਸਪੀਕਰ ਸੰਧਵਾਂ



ਫ਼ਰੀਦਕੋਟ, 17 ਜੁਲਾਈ : ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਦੇ ਪੀਡੀਆਟਰਿਕ (ਬਾਲ ਰੋਗ) ਵਿਭਾਗ ਦਾ ਦੌਰਾ ਕਰਕੇ ਉੱਥੇ ਦਾਖ਼ਲ ਬੱਚਿਆਂ ਦੇ ਇਲਾਜ ਅਤੇ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ ਅਤੇ ਹਸਪਤਾਲ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਪੀਡੀਆਟਰਿਕ ਵਿਭਾਗ ਵਿੱਚ ਨਿੱਕੇ-ਨਿੱਕੇ ਬੱਚਿਆਂ ਦੀ ਜਿਸ ਸਮਰਪਣ ਭਾਵਨਾ ਨਾਲ ਦੇਖਭਾਲ ਕੀਤੀ ਜਾ ਰਹੀ ਹੈ, ਉਹ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਡਾਕਟਰਾਂ, ਨਰਸਾਂ ਅਤੇ ਸਮੁੱਚੇ ਸਟਾਫ਼ ਵੱਲੋਂ ਬੱਚਿਆਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਵਾਂਗ ਸੰਭਾਲਿਆ ਜਾ ਰਿਹਾ ਹੈ, ਜੋ ਸਿਹਤ ਸੇਵਾ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਦੱਸਿਆ ਕਿ ਦੌਰੇ ਦੌਰਾਨ ਜਿਨ੍ਹਾਂ ਪਰਿਵਾਰਾਂ ਨਾਲ ਉਨ੍ਹਾਂ ਗੱਲਬਾਤ ਕੀਤੀ, ਸਭ ਨੇ ਹਸਪਤਾਲ ਦੇ ਡਾਕਟਰਾਂ ਅਤੇ ਸਟਾਫ਼ ਦੀ ਸੇਵਾ ਭਾਵਨਾ ਅਤੇ ਸਹਿਯੋਗੀ ਰਵੱਈਏ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਇਹੋ ਜਿਹਾ ਇਲਾਜ ਅਤੇ ਨਵਜਾਤ ਬੱਚਿਆਂ ਦੀ ਗੰਭੀਰ ਦੇਖਭਾਲ ਕਿਸੇ ਨਿੱਜੀ ਹਸਪਤਾਲ ਵਿੱਚ ਕਰਵਾਈ ਜਾਵੇ ਤਾਂ ਹਰ ਰੋਜ਼ ਹਜ਼ਾਰਾਂ ਰੁਪਏ ਦਾ ਖ਼ਰਚਾ ਆਉਂਦਾ ਹੈ, ਜਦਕਿ ਸਰਕਾਰੀ ਹਸਪਤਾਲ ਵਿੱਚ ਇਹ ਸੇਵਾਵਾਂ ਆਮ ਲੋਕਾਂ ਨੂੰ ਵੱਡੀ ਰਾਹਤ ਦੇ ਰਹੀਆਂ ਹਨ।

ਸਪੀਕਰ ਸ. ਸੰਧਵਾਂ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦਾ ਲਾਭ ਸੂਬੇ ਦੇ ਲੱਖਾਂ ਲੋਕਾਂ ਨੂੰ ਮਿਲ ਰਿਹਾ ਹੈ।

## ਕੈਨੇਡਾ ਟੈਬਲਾਇਡ' ਦੇ ਜੁਲਾਈ ਅੰਕ ਦਾ ਸਰੀ ਵਿੱਚ ਸ਼ਾਨਦਾਰ ਲੋਕ ਅਰਪਣ ਸਮਾਗਮ

ਹਰਦਮ ਮਾਨ




ਸਰੀ, 17 ਜੁਲਾਈ : ਪੰਜਾਬੀ ਅਤੇ ਬਹੁ-ਸੱਭਿਆਚਾਰਕ ਭਾਈਚਾਰੇ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੀ 'ਕੈਨੇਡਾ ਟੈਬਲਾਇਡ' ਮੈਗਜ਼ੀਨ ਦੇ ਜੁਲਾਈ ਅੰਕ ਨੂੰ ਲੋਕ ਅਰਪਣ ਕਰਨ ਲਈ ਸਰੀ ਵਿੱਚ ਇੱਕ ਪ੍ਰਭਾਵਸ਼ਾਲੀ ਅਤੇ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਵੱਖ-ਵੱਖ ਭਾਈਚਾਰਿਆਂ ਨਾਲ ਸੰਬੰਧਿਤ ਰਾਜਨੀਤਿਕ ਆਗੂਆਂ, ਸਮਾਜ ਸੇਵਕਾਂ, ਕਾਰੋਬਾਰੀ ਹਸਤੀਆਂ ਅਤੇ ਮੀਡੀਆ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਮੈਗਜ਼ੀਨ ਦੀ ਭੂਮਿਕਾ ਦੀ ਭਰਪੂਰ ਸ਼ਲਾਘਾ ਕੀਤੀ।

ਸਮਾਗਮ ਦੇ ਮੁੱਖ ਮਹਿਮਾਨਾਂ ਵਿੱਚ ਸੰਸਦ ਮੈਂਬਰ ਸੁਖ ਧਾਲੀਵਾਲ, ਗੁਰਬਖ਼ਸ ਸੈਣੀ ਅਤੇ ਰਣਦੀਪ ਸਿੰਘ ਸਰਾਏ, ਵਿਧਾਇਕ ਲਿੰਡਾ ਹੈਪਨਰ ਅਤੇ ਪੀਟਰ ਮਿਲੋਬਾਰ, ਸਰੀ ਦੀ ਮੇਅਰ ਬਰੈਂਡਾ ਲੌਕ, ਕੌਂਸਲਰ ਰੌਬ ਸਟੱਟ, ਕੌਂਸਲਰ ਉਮੀਦਵਾਰ ਰੋਨਾ ਟੈਂਪਰ, ਨਿਓਮੀ, ਗਗਨ ਨਾਹਲ ਅਤੇ ਪਵਨ ਜੋਸ਼ੀ ਸਮੇਤ ਅਨੇਕਾਂ ਪ੍ਰਮੁੱਖ ਹਸਤੀਆਂ ਸ਼ਾਮਲ ਸਨ। ਬੁਲਾਰਿਆਂ ਨੇ ਕਿਹਾ ਕਿ ਸੁਤੰਤਰ ਅਤੇ ਜ਼ਿੰਮੇਵਾਰ ਮੀਡੀਆ ਹੀ ਸਮਾਜ ਦੀ ਸਹੀ ਤਸਵੀਰ ਪੇਸ਼ ਕਰਨ ਅਤੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਹੈ।

ਇਸ ਮੌਕੇ ਚੜ੍ਹਦੀਕਲਾ ਬ੍ਰਦਰਹੁੱਡਜ਼ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ 'ਕੈਨੇਡਾ ਟੈਬਲਾਇਡ' ਦੇ ਐਡੀਟਰ ਜਸਵਿੰਦਰ ਸਿੰਘ ਦਿਲਾਵਰੀ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੈਗਜ਼ੀਨ ਦਾ ਮੁੱਖ ਉਦੇਸ਼ ਕੈਨੇਡਾ ਵਿੱਚ ਵੱਸਦੇ ਪੰਜਾਬੀ ਭਾਈਚਾਰੇ ਦੀਆਂ ਪ੍ਰਾਪਤੀਆਂ, ਸਮਾਜਿਕ ਸਰੋਕਾਰਾਂ ਅਤੇ ਲੋਕ-ਹਿੱਤ ਦੇ ਮੁੱਦਿਆਂ ਨੂੰ ਨਿਰਪੱਖਤਾ ਅਤੇ ਜ਼ਿੰਮੇਵਾਰੀ ਨਾਲ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪਾਠਕਾਂ ਦੇ ਭਰੋਸੇ ਅਤੇ ਸਹਿਯੋਗ ਸਦਕਾ ਮੈਗਜ਼ੀਨ ਲਗਾਤਾਰ ਆਪਣੀ ਪਛਾਣ ਨੂੰ ਮਜ਼ਬੂਤ ਕਰ ਰਹੀ ਹੈ।

ਸਮਾਗਮ ਵਿੱਚ ਹਰਪ੍ਰੀਤ ਸਿੰਘ ਮਨਕਟਲਾ, ਅਵਤਾਰ ਸਿੰਘ ਧਨੋਆ, ਇੰਦਰਜੀਤ ਸਿੰਘ ਲੱਦੜ, ਸੰਦੀਪ ਸਿੰਘ ਧੰਜੂ, ਲਖਵੀਰ ਸਿੰਘ ਗਰੇਵਾਲ, ਜਗਪਾਲ ਸਿੰਘ ਲਿੱਟ, ਹਰਪ੍ਰੀਤ ਸਿੰਘ ਹੈਰੀ, ਜਸ਼ਨਜੀਤ ਸਿੰਘ ਥਿੰਦ, ਡਾ. ਅਸਲਾਜੁਰ ਰਹਿਮਾਨ, ਮਨਜੀਤ ਸਿੰਘ ਚੀਮਾ, ਅੰਮ੍ਰਿਤਪਾਲ ਸਿੰਘ ਢੋਟ, ਦਵਿੰਦਰ ਸਿੰਘ ਸ਼ੇਰਗਿਲ, ਗੌਰਵਦੀਪ ਵਾਲੀਆ, ਹਰਵਿੰਦਰ ਸਿੰਘ ਖਾਲਸਾ ਸਮੇਤ ਕਈ ਹੋਰ ਸਮਾਜਿਕ, ਧਾਰਮਿਕ ਅਤੇ ਕਾਰੋਬਾਰੀ ਖੇਤਰਾਂ ਨਾਲ ਸੰਬੰਧਿਤ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਸਮਾਗਮ ਦੌਰਾਨ ਮੈਗਜ਼ੀਨ ਦੇ ਜੁਲਾਈ ਅੰਕ ਨੂੰ ਰਸਮੀ ਤੌਰ 'ਤੇ ਲੋਕ ਅਰਪਣ ਕੀਤਾ ਗਿਆ। ਹਾਜਰ ਮਹਿਮਾਨਾਂ ਨੇ ਇਸ ਪ੍ਰਕਾਸ਼ਨ ਨੂੰ ਪੰਜਾਬੀ ਭਾਈਚਾਰੇ ਦੀ ਮਜ਼ਬੂਤ ਆਵਾਜ਼ ਕਰਾਰ ਦਿੰਦਿਆਂ ਇਸ ਦੀ ਲਗਾਤਾਰ ਤਰੱਕੀ ਅਤੇ ਕਾਮਯਾਬੀ ਲਈ ਆਪਣੀਆਂ ਸ਼ੁਭ ਕਾਮਨਾਵਾਂ ਵੀ ਦਿੱਤੀਆਂ।

## ਬਾਬਾ ਫ਼ਰੀਦ ਯੂਨੀਵਰਸਿਟੀ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਗਏ।

ਸ਼ਿਵਨਾਥ



ਫ਼ਰੀਦਕੋਟ 17 ਜੁਲਾਈ : ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (B F U H S), ਫ਼ਰੀਦਕੋਟ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ (GGSMCH), ਫ਼ਰੀਦਕੋਟ ਵਿਖੇ ਸਿਹਤ ਸੇਵਾਵਾਂ, ਮੈਡੀਕਲ ਸਿੱਖਿਆ ਅਤੇ ਸੰਸਥਾਗਤ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਵਿਕਾਸ ਪ੍ਰੋਜੈਕਟਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਦਾ ਸਮਾਗਮ ਆਯੋਜਿਤ ਕੀਤਾ ਗਿਆ।

ਇਨ੍ਹਾਂ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਪ੍ਰੋ. (ਡਾ.) ਰਾਜੀਵ ਸੂਦ, ਵਾਈਸ ਚਾਂਸਲਰ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵੱਲੋਂ ਸ. ਗੁਰਦਿੱਤ ਸਿੰਘ ਸੇਖੋਂ, ਵਿਧਾਇਕ, ਫ਼ਰੀਦਕੋਟ ਅਤੇ ਮੈਂਬਰ, ਬੋਰਡ ਆਫ਼ ਮੈਨੇਜਮੈਂਟ, BFUHS ਡਾ. ਸੰਜੀਵ ਗੋਇਲ , ਆਈ.ਐਮ.ਏ. ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀ, ਫੈਕਲਟੀ ਮੈਂਬਰ ਅਤੇ ਕਰਮਚਾਰੀ ਵੀ ਮੌਜੂਦ ਸਨ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਵਿਖੇ ਮੈਡੀਸਨ-II ਵਾਰਡ ਅਤੇ ਡਾਇਲਸਿਸ ਯੂਨਿਟ ਦੇ ਅਪਗ੍ਰੇਡੇਸ਼ਨ, ਫਾਰਮੇਸੀ ਬਿਲਡਿੰਗ ਦੇ ਨਿਰਮਾਣ, ਸਿਵਲ ਹਸਪਤਾਲ, ਬਾਦਲ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ETP), ਨਰਸਿੰਗ ਕਾਲਜ, ਗੋਇੰਦਵਾਲ ਵਿਖੇ ਸੀਵੇਜ ਟ੍ਰੀਟਮੈਂਟ ਪਲਾਂਟ (STP), ਟਰਸ਼ਰੀ ਕੈਂਸਰ ਕੇਅਰ ਸੈਂਟਰ, ਫਾਜ਼ਿਲਕਾ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ETP) ਅਤੇ ਐਡਵਾਂਸਡ ਕੈਂਸਰ ਇੰਸਟੀਚਿਊਟ (ACI), ਬਠਿੰਡਾ ਵਿਖੇ ਰਿਹਾਇਸ਼ੀ ਕੰਪਲੈਕਸ ਦੀ ਸਥਾਪਨਾ ਲਈ ਨੀਂਹ ਪੱਥਰ ਰੱਖੇ ਗਏ।

ਇਸ ਤੋਂ ਇਲਾਵਾ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਦੇ ਨਿਊਕਲੀਅਰ ਮੈਡੀਸਨ ਵਿਭਾਗ ਦੇ ਵਾਧੂ ਬਲਾਕ ਦਾ ਵੀ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਜਾਣਕਾਰੀ ਦਿੱਤੀ ਗਈ ਕਿ ਨਿਊਕਲੀਅਰ ਮੈਡੀਸਨ ਵਿਭਾਗ ਵਿੱਚ ਨਵੀਂ PET Scan ਮਸ਼ੀਨ ਸਥਾਪਿਤ ਕਰ ਦਿੱਤੀ ਗਈ ਹੈ, ਜੋ ਕਿ ਐਟਾਮਿਕ ਐਨਰਜੀ ਰੈਗੂਲੇਟਰੀ ਬੋਰਡ (AERB) ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਹੋਣ ਉਪਰੰਤ ਮਰੀਜ਼ਾਂ ਲਈ ਸੇਵਾਵਾਂ ਸ਼ੁਰੂ ਕਰ ਦੇਵੇਗੀ। ਇਸ ਨਾਲ ਸੰਸਥਾ ਵਿੱਚ ਅਤਿ-ਆਧੁਨਿਕ ਜਾਂਚ ਸਹੂਲਤਾਂ ਨੂੰ ਹੋਰ ਮਜ਼ਬੂਤੀ ਮਿਲੇਗੀ।

ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਵਿੱਚ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਵਿਖੇ ਨਵੀਂ MRI ਮਸ਼ੀਨ, ਐਡਵਾਂਸਡ ਕੈਂਸਰ ਇੰਸਟੀਚਿਊਟ (ACI), ਬਠਿੰਡਾ ਵਿਖੇ ਐਫਲੂਐਂਟ ਟ੍ਰੀਟਮੈਂਟ ਪਲਾਂਟ (ETP) ਅਤੇ ਸਟੇਟ ਇੰਸਟੀਚਿਊਟ ਆਫ਼ ਨਰਸਿੰਗ ਐਂਡ ਪੈਰਾਮੈਡੀਕਲ ਮੈਡੀਕਲ ਸਾਇੰਸਿਜ਼ (SINPMS), ਬਾਦਲ ਵਿਖੇ ਸੀਵੇਜ ਟ੍ਰੀਟਮੈਂਟ ਪਲਾਂਟ (STP) ਸ਼ਾਮਲ ਹਨ, ਜੋ ਵਾਤਾਵਰਣ ਸੁਰੱਖਿਆ ਅਤੇ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੇ।

ਇਸ ਮੌਕੇ ਚਾਰ ਨਵੀਆਂ ਸੱਤ-ਸੀਟਰ ਗੱਡੀਆਂ ਅਤੇ ਇੱਕ ਨਵੀਂ 52-ਸੀਟਰ ਬੱਸ ਨੂੰ ਵੀ ਪ੍ਰੋ. (ਡਾ.) ਰਾਜੀਵ ਸੂਦ ਅਤੇ ਸ. ਗੁਰਦਿੱਤ ਸਿੰਘ ਸੇਖੋਂ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਿਸ ਨਾਲ ਯੂਨੀਵਰਸਿਟੀ ਅਤੇ ਹਸਪਤਾਲ ਦੀਆਂ ਆਵਾਜਾਈ ਸੇਵਾਵਾਂ ਹੋਰ ਸੁਚਾਰੂ ਬਣਨਗੀਆਂ।

ਸਫ਼ਾਈ ਕਰਮਚਾਰੀਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਨਵੀਂ ਸੀਵਰ ਜੈਟਿੰਗ-ਕਮ-ਸਕਸ਼ਨ ਮਸ਼ੀਨ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਹ ਆਧੁਨਿਕ ਮਸ਼ੀਨ ਸੀਵਰਾਂ ਦੀ ਸਫ਼ਾਈ ਅਤੇ ਰੱਖ-ਰਖਾਅ ਨੂੰ ਵਧੇਰੇ ਸੁਰੱਖਿਅਤ, ਪ੍ਰਭਾਵਸ਼ਾਲੀ ਅਤੇ ਮੈਨੂਅਲ ਦਖ਼ਲ ਤੋਂ ਮੁਕਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਬਾਬਾ ਫ਼ਰੀਦ ਯੂਨੀਵਰਸਿਟੀ ਪੰਜਾਬ ਸਰਕਾਰ ਦੇ ਵਿਜ਼ਨ ਅਨੁਸਾਰ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਮਰੀਜ਼ਾਂ ਨੂੰ ਬਿਹਤਰ ਇਲਾਜ ਅਤੇ ਆਧੁਨਿਕ ਜਾਂਚ ਸਹੂਲਤਾਂ ਮਿਲਣ ਦੇ ਨਾਲ-ਨਾਲ ਮੈਡੀਕਲ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਣ ਦੇ ਮੌਕੇ ਪ੍ਰਾਪਤ ਹੋਣਗੇ ਅਤੇ ਸਿਹਤ ਕਰਮਚਾਰੀਆਂ ਲਈ ਹੋਰ ਸੁਰੱਖਿਅਤ ਅਤੇ ਸੁਚਾਰੂ ਕਾਰਜ-ਵਾਤਾਵਰਣ ਯਕੀਨੀ ਬਣੇਗਾ।

ਸ. ਗੁਰਦਿੱਤ ਸਿੰਘ ਸੇਖੋਂ, ਵਿਧਾਇਕ, ਫ਼ਰੀਦਕੋਟ ਨੇ ਵਾਇਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਜੀ ਵੱਲੋਂ ਸਿਹਤ ਸਹੂਲਤਾਂ ਦੇ ਵਿਸਥਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨਵੇਂ ਪ੍ਰੋਜੈਕਟ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸਹੂਲਤਾਂ ਅਤੇ ਗੁਣਵੱਤਾ ਭਰਪੂਰ ਮੈਡੀਕਲ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

# ਵਰਲਡ ਪੰਜਾਬੀ ਟਾਈਮਜ਼ 17 ਜੁਲਾਈ 2026 ਦਿਨ ਸ਼ੁੱਕਰਵਾਰ

## "ਸਾਵਣਿ ਸਰਸੀ ਕਾਮਣਿ, ਮਨਿ ਤਨਿ ਚਾਉ ਅਨੰਦੁ"




ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਸਾਵਣਿ ਸਰਸੀ ਕਾਮਣੀ, ਧਰਤੀ ਵੀ ਲਹਿਲਹਾਈ,
ਕਾਲੇ ਬੱਦਲ ਘਿਰ ਆਏ, ਮੋਰਾਂ ਨੇ ਮੋਰਨੀ ਰੀਝਾਈ।

ਮਨ ਤਨ ਚਾਉ ਅਨੰਦੁ ਹੋਇਆ, ਦਿਲਾਂ 'ਚ ਉੱਠੀਆਂ ਲਹਿਰਾਂ,
ਪੇਕੇ ਬੈਠੀ ਧੀ ਦੇ ਹੱਥਾਂ 'ਚ ਮਹਿੰਦੀ ਦੀਆਂ ਲਕੀਰਾਂ।

ਪਿੰਗ ਝੂਟੇ ਪੈ ਗਏ, ਗਿੱਧੇ ਦੀ ਧਮਾਲ ਪਈ,
ਮਾਂ ਦੀਆਂ ਅੱਖਾਂ 'ਚ ਧੀ ਨੂੰ ਦੇਖ ਕੇ ਖੁਸ਼ੀ ਦੀ ਲਾਲੀ ਛਈ।

ਸਾਵਣ ਸਿਰਫ਼ ਬਾਰਸ਼ ਨਹੀਂ, ਇਹ ਪਿਆਰ ਦਾ ਪੈਗਾਮ ਹੈ,
ਵਿਛੜੇ ਪ੍ਰੀਤਮ ਨੂੰ ਮਿਲਣ ਦਾ ਇਹ ਇਕ ਅਹਿਸਾਸ ਹੈ।

ਜਿਵੇਂ ਕਾਮਣੀ ਆਪਣੇ ਸੱਜਣ ਦੀ ਉਡੀਕ 'ਚ ਸਰਸਦੀ ਹੈ,
ਇਵੇਂ ਧਰਤੀ ਵੀ ਸਾਵਣ ਦੀ ਫੁਹਾਰ 'ਚ ਹਰਿਆਉਂਦੀ ਹੈ।

ਆਓ ਇਸ ਸਾਵਣ ਅਸੀਂ ਵੀ ਆਪਣੇ ਰਿਸ਼ਤਿਆਂ ਨੂੰ ਸਿੰਜੀਏ,
ਰੁੱਸਿਆਂ ਨੂੰ ਮਨਾਈਏ, ਵਿੱਛੜਿਆਂ ਨੂੰ ਗਲ ਲਾਈਏ।

ਕਿਉਂਕਿ ਸਾਵਣ ਆਉਂਦਾ ਹੀ ਇਸ ਲਈ ਹੈ –
ਮਨ ਨੂੰ ਜੋੜਨ, ਤਨ ਨੂੰ ਤਰੋਤਾਜ਼ਾ ਕਰਨ, ਅਤੇ ਜੀਵਨ 'ਚ ਰੰਗ ਭਰਨ।

ਸਾਵਣਿ ਸਰਸੀ ਕਾਮਣੀ – ਸਾਵਣ ਦੀ ਸੰਗਰਾਂਦ ਦੀਆਂ ਵਧਾਈਆਂ

## ਸਾਉਣ ਦਾ ਮਹੀਨਾ

ਵਰਲਡ ਪੰਜਾਬੀ ਟਾਈਮਜ਼
ਗੁਰਦੀਪ ਦਾਨੀ

1.ਸਾਉਣ ਦਾ ਮਹੀਨਾ ਸਾਨੂੰ,
ਦਿੰਦਾ ਨਹੀਂਉ ਸੌਣ ਵੇ।
ਪਾਪਾਂ ਦੀ ਹਨੇਰੀ ਚੱਲੇ,
ਕਿੱਥੇ ਠੰਡੀ ਪੌਣ ਵੇ।
ਸਾਉਣ ਦਾ ਮਹੀਨਾ ਸਾਨੂੰ......

2.ਸਾਉਣ ਦਾ ਮਹੀਨਾ ਸਾਡਾ,
ਲੱਗਦਾ ਨਾ ਚਿੱਤ ਵੇ।
ਹੱਥ ਤਾਈਂ ਹੱਥ ਖਾਵੇ,
ਹੈਨੀ ਕੋਈ ਮਿੱਤ ਵੇ
ਸਾਉਣ ਦਾ ਮਹੀਨਾ ਸਾਨੂੰ......

3.ਸਾਉਣ ਦਾ ਮਹੀਨਾ ਸਾਨੂੰ,
ਸੁਪਨੇ ਸਤਾਉਣ ਵੇ।
ਮਾਪਿਆਂ ਦੀ ਸੁੱਖ ਹੁਣ,
ਪੁੱਤ ਵੀ ਨਾ ਚਾਹੁਣ ਵੇ।
ਸਾਉਣ ਦਾ ਮਹੀਨਾ ਸਾਨੂੰ......

4.ਸਾਉਣ ਦਾ ਮਹੀਨਾ ਸਾਨੂੰ,
ਚੜ੍ਹਿਆ ਬੁਖਾਰ ਵੇ।
ਵੀਰਾਂ ਨੂੰ ਨਾ ਮੋਹ ਆਵੇ,
ਭੈਣ ਨੂੰ ਨਾ ਪਿਆਰ ਵੇ।
ਸਾਉਣ ਦਾ ਮਹੀਨਾ ਸਾਨੂੰ......

5.ਸਾਉਣ ਦਾ ਮਹੀਨਾ ਸਾਨੂੰ,
ਲੱਗੇ ਕਾਹਤੋਂ ਜੇਠ ਵੇ।
ਛੱਡਿਆ ਨਾ ਪਾਣੀ ਅਸੀਂ,
ਧਰਤੀ ਦੇ ਹੇਠ ਵੇ।
ਸਾਉਣ ਦਾ ਮਹੀਨਾ ਸਾਨੂੰ......

6.ਸਾਉਣ ਦਾ ਮਹੀਨਾ ਸਾਨੂੰ,
ਦਿੱਸੇ ਤ੍ਰਿਵੈਣੀ ਨਾ।
ਕਰਨੀ ਵੀ ਬਦਲੀ,
ਤੇ ਰਹੀ ਉਹੋ ਕਹਿਣੀ ਨਾ।
ਸਾਉਣ ਦਾ ਮਹੀਨਾ ਸਾਨੂੰ......

7. ਸਾਉਣ ਦਾ ਮਹੀਨਾ ਸਾਨੂੰ,
ਆਵੇ 'ਦਾਨੀ' ਖਾਣ ਵੇ।
'ਫੁੱਲੋ ਮਿੱਠੀ' ਵਾਲਿਆ ਕਿਉਂ,
ਪਾਪ ਵਧੀ ਜਾਣ ਵੇ।
ਸੁੱਖੋ ਕੋਈ ਸੁੱਖ ਐਸੀ,
ਹੋਵੇ ਨਾ ਕੋਈ ਘਾਣ ਵੇ।
ਖੁਸ਼ੀਆਂ ਦੇ ਵਿੱਚ ਸਾਡੇ,
ਸਾਉਣ ਲੰਘ ਜਾਣ ਵੇ।
ਸਾਉਣ ਦਾ ਮਹੀਨਾ ਸਾਨੂੰ......

## ਸਾਉਣ ਮਹੀਨਾ

ਵਰਲਡ ਪੰਜਾਬੀ ਟਾਈਮਜ਼
ਪਰਮਬੀਰ ਕੌਰ ਰਿਆੜ

ਕਾਲੇ ਬੱਦਲ ਗਰਜਦੇ, ਨਿੱਕੀ-ਨਿੱਕੀ
ਕਣੀ-ਕਣੀ ਦਾ ਮੀਂਹ ਵਰਸਾਇਆ।

ਕੋਇਲ ਕੂਕਦੀ ਬਾਗਾਂ ਦੇ ਵਿੱਚ,
ਅੰਬ ਜਮੋਏ ਵਿੱਚ ਰਸ ਭਰ ਆਇਆ।

ਬਾਗਾਂ ਦੇ ਵਿੱਚ ਮੋਰਾਂ ਨੇ ਵੀ,
ਖੰਭ ਖਿਲਾਰ ਕੇ ਨਾਚ ਦਿਖਾਇਆ।

ਧਰਤੀ ਨੇ ਵੀ ਹਰੀ ਚਾਦਰ ਤਾਣੀ,
ਚਾਰ ਚੁਫੇਰੇ ਨੂਰ ਲਿਸ਼ਕਾਇਆ।
ਸਾਉਣ ਮਹੀਨਾ ਚੜ੍ਹ ਆਇਆ।

ਸਜ ਵਿਆਹੀਆਂ ਪੇਕੇ ਫੇਰਾ ਪਾਇਆ।
ਵੀਰ ਗਏ ਨੇ ਭੈਣਾਂ ਨੂੰ ਲੈਣ,
ਮਾਪਿਆਂ ਨੇ ਵੀ ਚਾਅ ਮਨਾਇਆ।

ਗੁੜ ਦੇ ਪੂੜੇ ਤੇ ਖੀਰ ਨੂੰ ਬਣਾਇਆ।

ਬੜੇ ਚਾਵਾਂ ਨਾਲ ਸਭ ਨੂੰ ਖਵਾਇਆ।
ਸਾਉਣ ਮਹੀਨਾ ਚੜ੍ਹ ਆਇਆ।

ਸਭ ਇਕੱਠੀਆਂ ਹੋ ਕੇ ਨਣਦ-ਭਰਜਾਈਆਂ,
ਸੱਭੇ ਰਲ ਕੇ ਤੀਆਂ ਨੂੰ ਲਾਇਆ।

ਹੱਥੀਂ ਰੰਗ-ਬਰੰਗੀਆਂ ਚੂੜੀਆਂ ਸਜੀਆਂ,
ਤਲੀਆਂ ਉੱਤੇ ਮਹਿੰਦੀ ਨੂੰ ਲਾਇਆ।

ਸਜ ਫੱਬ ਨਿਵੇਕਲਾ ਰੂਪ ਦਿਖਾਇਆ।
ਸਾਉਣ ਮਹੀਨਾ ਚੜ੍ਹ ਆਇਆ।

ਪਿੱਪਲਾਂ ਦੇ ਉੱਤੇ ਪੀਂਘਾਂ ਨੂੰ ਪਾਇਆ।
ਝੂਟ ਕੇ ਪੀਂਘਾਂ ਨੂੰ ਅੰਬਰੀਂ ਚੜ੍ਹਾਇਆ।

ਗਿੱਧੇ ਵਿੱਚ ਖੂਬ ਰੌਣਕਾਂ ਨੂੰ ਲਾਇਆ।
ਰਲ-ਮਿਲ ਖਾਧਾ ਤੇ ਹੱਸ-ਖੇਡ ਸਭ ਨੇ,

ਖੁਸ਼ੀਆਂ ਦੇ ਨਾਲ ਦਿਨ ਮਨਾਇਆ।
ਸਾਉਣ ਮਹੀਨਾ ਚੜ੍ਹ ਆਇਆ।

## ਫੈਡਰੇਸ਼ਨ ਨੇ ਭਾਈ ਖਾਲੜਾ ਦੀਆਂ ਤਸਵੀਰਾਂ ਅਤੇ ਸ਼ਹੀਦੀ ਪੱਤਣ ਦੇ ਲਾਏ ਬੋਰਡ

### ਅਸੀਂ ਅਕਾਲ ਤਖ਼ਤ ਸਾਹਿਬ ਦੇ ਐਲਾਨ ਨੂੰ ਲਾਗੂ ਕਰਵਾਉਣ ਦੀ ਸ਼ੁਰੂਆਤ ਕੀਤੀ ਹੈ : ਭਾਈ ਰਣਜੀਤ ਸਿੰਘ

ਵਰਲਡ ਪੰਜਾਬੀ ਟਾਈਮਜ਼
ਰਣਜੀਤ ਸਿੰਘ ਦਮਦਮੀ ਟਕਸਾਲ




ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼ਹੀਦਾਂ ਦੀ ਯਾਦ ਵਿੱਚ ਹਰੀਕੇ ਪੱਤਣ ਸਤਲੁਜ ਦਰਿਆ ਦੇ ਕੰਢੇ 'ਤੇ ਕਰਵਾਏ ਸ਼ਹੀਦੀ ਸਮਾਗਮ ਵਿੱਚ ਐਲਾਨ ਕੀਤਾ ਸੀ ਕਿ ਹਰੀਕੇ ਪੱਤਣ ਦਾ ਨਾਂ ਅੱਜ ਤੋਂ ਸ਼ਹੀਦੀ ਪੱਤਣ ਹੋਵੇਗਾ। ਜਿਸ ਨੂੰ ਲੈ ਕੇ ਅੱਜ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਨੇ ਹਰੀਕੇ ਪੱਤਣ ਵਿਖੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਤਸਵੀਰਾਂ ਅਤੇ ਸ਼ਹੀਦੀ ਪੱਤਣ ਲਿਖ ਕੇ ਬੋਰਡ ਲਗਾ ਦਿੱਤੇ ਹਨ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਸਰਵਉੱਚ ਹੈ ਜੋ ਲਾਗੂ ਹੋਣਾ ਚਾਹੀਦਾ ਹੈ। ਅੱਜ ਅਸੀਂ ਸੰਕੇਤਕ ਤੌਰ 'ਤੇ ਸ਼ੁਰੂਆਤ ਕੀਤੀ ਹੈ ਤੇ ਹੋਰ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਇਸ ਦੇ ਆਸ-ਪਾਸ ਸ਼ਹੀਦੀ ਪੱਤਣ ਲਿਖ ਕੇ ਵੱਧ ਤੋਂ ਵੱਧ ਬੋਰਡ ਲਗਾਏ ਜਾਣ ਤਾਂ ਜੋ ਹਰੀਕੇ ਪੱਤਣ ਹੁਣ ਸ਼ਹੀਦੀ ਪੱਤਣ ਦੇ ਨਾਂ 'ਤੇ ਪ੍ਰਚਲਿਤ ਹੋ ਜਾਵੇ। ਉਹਨਾਂ ਕਿਹਾ ਕਿ ਸਰਕਾਰ ਨੂੰ ਵੀ ਚਾਹੀਦਾ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਮੰਨ ਕੇ ਇਸ ਨੂੰ ਸ਼ਹੀਦੀ ਪੱਤਣ ਵਜੋਂ ਹੀ ਲਿਖੇ ਅਤੇ ਸਥਾਪਿਤ ਕਰੇ। ਫੈਡਰੇਸ਼ਨ ਨੇ ਜਥੇਦਾਰ ਗੜਗੱਜ ਨੂੰ ਅਪੀਲ ਕੀਤੀ ਕਿ ਉਹ ਪੰਜ ਸਿੰਘਾਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਸਮੇਤ ਖੁਦ ਵੀ ਇੱਥੇ ਆ ਕੇ ਬੋਰਡ ਸਥਾਪਿਤ ਕਰਕੇ ਜਾਣ। ਜੇ ਇਸ ਬੋਰਡ ਨੂੰ ਕੋਈ ਉਤਾਰਦਾ ਹੈ ਤਾਂ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੰਗਾਰ ਅਤੇ ਚੁਣੌਤੀ ਹੋਵੇਗੀ, ਖ਼ਾਲਸਾ ਪੰਥ ਇਸ ਨੂੰ ਬਰਦਾਸ਼ਤ ਨਹੀਂ ਕਰੇਗਾ।

ਫੈਡਰੇਸ਼ਨ ਆਗੂਆਂ ਨੇ ਕਿਹਾ ਕਿ ਸਿੱਖ ਸੰਘਰਸ਼ ਦੇ ਨਾਇਕ, ਮਨੁੱਖੀ ਹੱਕਾਂ ਦੇ ਪਹਿਰੇਦਾਰ ਅਤੇ 25 ਹਜ਼ਾਰ ਲਾਵਾਰਿਸ ਲਾਸ਼ਾਂ ਦੇ ਵਾਰਿਸ ਭਾਈ ਜਸਵੰਤ ਸਿੰਘ ਖਾਲੜਾ ਨੂੰ ਪੁਲਿਸ ਵੱਲੋਂ ਸ਼ਹੀਦ ਕਰਕੇ ਇਸੇ ਹਰੀਕੇ ਦਰਿਆ ਵਿੱਚ ਸੁੱਟ ਦਿੱਤਾ ਗਿਆ ਸੀ। ਹਿੰਦੁਸਤਾਨੀ ਹਕੂਮਤ ਨੇ ਸਿੱਖ ਹੱਕਾਂ ਲਈ ਉੱਠੀਆਂ ਇਹਨਾਂ ਅਵਾਜ਼ਾਂ ਨੂੰ ਖ਼ਾਮੋਸ਼ ਕਰਨਾ ਚਾਹਿਆ ਸੀ ਪਰ ਸਾਡੇ ਸ਼ਹੀਦਾਂ ਦੀ ਗੂੰਜ ਪੂਰੀ ਦੁਨੀਆਂ ਵਿੱਚ ਪੈ ਰਹੀ ਹੈ। ਸ਼ਹੀਦਾਂ ਦੀ ਜੈ-ਜੈਕਾਰ ਸਦਾ ਹੁੰਦੀ ਰਹੇਗੀ ਤੇ ਭਾਰਤੀ ਹਕੂਮਤ ਦੇ ਬੁੱਚੜਾਂ ਨੂੰ ਲਾਹਣਤਾਂ ਪੈਂਦੀਆਂ ਰਹਿਣਗੀਆਂ। ਹਕੂਮਤ ਨੇ ਕੇਵਲ ਪੰਜਾਬ ਦੇ ਦਰਿਆਵਾਂ ਵਿੱਚ ਵਗਦੇ ਪਾਣੀਆਂ ਨੂੰ ਹੀ ਨਹੀਂ ਲੁੱਟਿਆ ਬਲਕਿ ਇਹਨਾਂ ਦਰਿਆਵਾਂ ਨੂੰ ਸਾਡੇ ਖ਼ੂਨ ਨਾਲ਼ ਲਾਲ ਵੀ ਕੀਤਾ ਹੈ। ਇਹ ਦਰਿਆ ਅਤੇ ਸ਼ਮਸ਼ਾਨ ਘਾਟ ਸਾਡੇ ਉੱਤੇ ਵਾਪਰੇ ਘੱਲੂਘਾਰੇ ਤੇ ਨਸਲਕੁਸ਼ੀ ਦੀ ਗਵਾਹੀ ਭਰਦੇ ਹਨ।

## ਏ ਡੀ ਸੀ ਨੇ ਆਜ਼ਾਦੀ ਦਿਹਾੜੇ ਦੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨੂੰ ਸੌਂਪੀਆਂ ਵੱਖ-ਵੱਖ ਜ਼ਿੰਮੇਵਾਰੀਆਂ

### ਸਾਰੇ ਪ੍ਰਬੰਧ ਸੁਚੱਜੇ ਢੰਗ ਨਾਲ ਮੁਕੰਮਲ ਕਰਨ ਦੇ ਨਿਰਦੇਸ਼ – ਅਨੁਪ੍ਰਿਤਾ ਜੌਹਲ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 17 ਜੁਲਾਈ : 15 ਅਗਸਤ 2026 ਨੂੰ ਮਨਾਏ ਜਾਣ ਵਾਲੇ ਆਜ਼ਾਦੀ ਦਿਹਾੜੇ ਦੀਆਂ ਤਿਆਰੀਆਂ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪਟਿਆਲਾ ਅਨੁਪ੍ਰਿਤਾ ਜੌਹਲ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਡਿਊਟੀਆਂ ਅਤੇ ਜ਼ਿੰਮੇਵਾਰੀਆਂ ਸੌਂਪੀਆਂ।

ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਆਜ਼ਾਦੀ ਦਿਹਾੜਾ ਦੇਸ਼ ਦੀ ਆਨ, ਬਾਨ ਅਤੇ ਸ਼ਾਨ ਨਾਲ ਜੁੜਿਆ ਰਾਸ਼ਟਰੀ ਪਵਿੱਤਰ ਦਿਹਾੜਾ ਹੈ। ਇਸ ਲਈ ਸਮਾਗਮ ਦੇ ਹਰ ਪ੍ਰਬੰਧ ਨੂੰ ਸੁਚਾਰੂ, ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮੁਕੰਮਲ ਕੀਤਾ ਜਾਵੇ। ਉਨ੍ਹਾਂ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਅਤੇ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਅਤੇ ਪ੍ਰਬੰਧਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਵੀ ਯਕੀਨੀ ਬਣਾਉਣ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਜ਼ਾਦੀ ਦਿਹਾੜਾ ਸਮਾਗਮ ਰਾਜਾ ਭਲਿੰਦਰਾ ਖੇਡ ਕੰਪਲੈਕਸ, ਪੋਲੋ ਗਰਾਊਂਡ, ਪਟਿਆਲਾ ਵਿਖੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਉਨ੍ਹਾਂ ਸੱਭਿਆਚਾਰਕ ਪ੍ਰੋਗਰਾਮਾਂ ਦੀਆਂ ਰਿਹਰਸਲਾਂ ਸਮੇਂ ਸਿਰ ਸ਼ੁਰੂ ਕਰਨ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਸੌਂਪੇ ਗਏ ਕੰਮ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਵੀ ਦਿੱਤੇ।

ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਪੰਜਾਬ ਪੁਲਿਸ, ਆਈ.ਟੀ.ਬੀ.ਪੀ., ਐਨ.ਸੀ.ਸੀ., ਰੈੱਡ ਕਰਾਸ, ਸਕਾਊਟਸ ਅਤੇ ਗਾਈਡਜ਼ ਦੀਆਂ ਟੁਕੜੀਆਂ ਵੱਲੋਂ ਸ਼ਾਨਦਾਰ ਪਰੇਡ ਪੇਸ਼ ਕੀਤੀ ਜਾਵੇਗੀ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਕਾਰਜਾਂ ਨੂੰ ਦਰਸਾਉਂਦੀਆਂ ਆਕਰਸ਼ਕ ਝਾਕੀਆਂ ਕੱਢੀਆਂ ਜਾਣਗੀਆਂ, ਜਦਕਿ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ, ਮੁਟਿਆਰਾਂ ਵੱਲੋਂ ਗਿੱਧਾ ਅਤੇ ਨੌਜਵਾਨਾਂ ਵੱਲੋਂ ਭੰਗੜਾ ਵੀ ਪੇਸ਼ ਕੀਤਾ ਜਾਵੇਗਾ।

ਸੱਭਿਆਚਾਰਕ ਪ੍ਰੋਗਰਾਮ ਦੀਆਂ ਤਿਆਰੀਆਂ ਸਬੰਧੀ ਮਹਿੰਦਰਾ ਕਾਲਜ ਅਤੇ ਸਰਕਾਰੀ ਕਾਲਜ ਲੜਕੀਆਂ ਨੂੰ ਗਿੱਧਾ ਅਤੇ ਭੰਗੜੇ ਦੀਆਂ ਟੀਮਾਂ ਤਿਆਰ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਕੂਲੀ ਵਿਦਿਆਰਥੀਆਂ ਦਾ ਸੱਭਿਆਚਾਰਕ ਤਿਆਰ ਕਰਵਾਉਣ ਲਈ ਕਿਹਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਆਜ਼ਾਦੀ ਦਿਹਾੜੇ ਦੇ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਯਾਦਗਾਰ ਅਤੇ ਸ਼ਾਨਦਾਰ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਉਨ੍ਹਾਂ ਦੇ ਨਾਲ ਐਸ ਡੀ ਐਮ, ਸਹਾਇਕ ਕਮਿਸ਼ਨਰ ਹਰਜੋਤ ਕੌਰ , ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ ,ਸਿਵਿਲ ਸਰਜਨ ਸ਼ੈਲੀ ਜੇਟਲੀ ਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਭਾਰਤੀ ਚੋਣ ਕਮਿਸ਼ਨ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਜਾਰੀ ਸੋਧੇ ਸ਼ਡਿਊਲ ਮੁਤਾਬਕ ਸਾਰੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ- ਡਾ. ਹਿਮਾਂਸ਼ੂ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 17 ਜੁਲਾਈ : ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਪਹਿਲਾ ਐਲਾਨੇ ਗਏ ਸ਼ਡਿਊਲ ਵਿੱਚ ਸੋਧ ਕਰਨ ਸਬੰਧੀ ਜਾਰੀ ਪੱਤਰ ਅਨੁਸਾਰ ਪਟਿਆਲਾ ਜ਼ਿਲ੍ਹੇ ਵਿੱਚ ਸਾਰੀ ਐਸ ਆਈ ਆਰ ਦੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ। ਇਹ ਪ੍ਰਗਟਾਵਾ ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਕੀਤਾ। ਉਨ੍ਹਾਂ ਦੱਸਿਆ ਕਿ

ਮੁੱਖ ਚੋਣ ਅਫਸਰ, ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਦੀਆਂ ਹਦਾਇਤਾਂ ਅਨੁਸਾਰ ਹੁਣ ਘਰੋਂ-ਘਰੀਂ ਗਣਨਾ ਫਾਰਮਾਂ ਦੀ ਵੰਡ ਦਾ ਕਾਰਜ 3 ਅਗਸਤ, 2026 ਤੱਕ ਜਾਰੀ ਰਹੇਗਾ। ਇਸੇ ਤਰ੍ਹਾਂ ਪੋਲਿੰਗ ਬੂਥਾਂ ਨੂੰ ਤਰਕਸੰਗਤ ਕਰਨ ਦਾ ਕੰਮ ਵੀ 3 ਅਗਸਤ, 2026 ਤੱਕ ਕੀਤਾ ਜਾਵੇਗਾ।
ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਰ ਸੂਚੀਆਂ ਦਾ ਖਰੜਾ 13 ਅਗਸਤ, 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 13 ਅਗਸਤ,2026 ਤੋਂ 12 ਸਤੰਬਰ, 2026 ਤੱਕ ਪੇਸ਼ ਕੀਤੇ ਜਾ ਸਕਦੇ ਹਨ ਜਦਕਿ ਇਹਨਾਂ ਇਤਰਾਜ਼ਾਂ ਅਤੇ ਦਾਅਵਿਆਂ ਦਾ ਨਿਪਟਾਰਾ 13 ਅਗਸਤ, 2026 ਤੋਂ 08 ਅਕਤੂਬਰ, 2026 ਤੱਕ ਕੀਤਾ ਜਾਵੇਗਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ 12 ਅਕਤੂਬਰ, 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਨੇ ਮੁੱਖ ਚੋਣ ਅਫ਼ਸਰ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਪਟਿਆਲਾ ਜ਼ਿਲ੍ਹੇ ਦੇ ਸਾਰੇ ਯੋਗ ਨਾਗਰਿਕਾਂ ਨੂੰ ਸਪੈਸ਼ਲ ਇੰਟੈਂਸਿਵ ਰਿਵੀਜਨ ਵਿੱਚ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਚੋਣ ਵੇਰਵੇ ਪੂਰੀ ਤਰ੍ਹਾਂ ਸਹੀ ਅਤੇ ਅੱਪ ਟੂ ਡੇਟ ਹਨ, ਇਸ ਤਰ੍ਹਾਂ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਵਿੱਚ ਯੋਗਦਾਨ ਪਾਇਆ ਜਾ ਸਕੇ।